# ਭਾਈ ਸਾਹਿਬ ਭਾਈ ਵੀਰ ਸਿੰਘ ਜੀ ਦਾ 43ਵਾਂ ਸੱਚਖੰਡ ਪਿਆਨਾ ਦਿਵਸ ਮਨਾਇਆ

ਭਾਈ ਸਾਹਿਬ ਭਾਈ ਵੀਰ ਸਿੰਘ ਜੀ ਦਾ 43ਵਾਂ ਸੱਚਖੰਡ ਪਿਆਨਾ ਦਿਵਸ ਭਾਈ ਵੀਰ ਸਿੰਘ ਸਾਹਿਤ ਸਦਨ ਵਿਖੇ 10 ਜੂਨ, 2000 ਨੂੰ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। 5 ਜੂਨ ਨੂੰ ਸਹਿਜ ਪਾਠ ਦੀ ਆਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਦਿਆ ਕੇਂਦਰ ਮਹਿਰੌਲੀ ਦੇ ਵਿਦਿਆਰਥੀਆਂ ਨੇ ਕੀਤੀ ਜਿਸ ਦਾ ਭੋਗ 10 ਜੂਨ ਨੂੰ ਸਵੇਰੇ ਪਾਇਆ ਗਿਆ। ਬਾਬਾ ਹਰਬੰਸ ਸਿੰਘ ਜੀ ਕਾਰ ਸੇਵਾ ਵਾਲਿਆਂ ਨੇ ਸੰਗਤਾਂ ਨੂੰ ਨਾਮ ਸਿਮਰਨ ਦਾ ਜਾਪ ਕਰਾਇਆ ਅਤੇ ਭਾਈ ਸਾਹਿਬ ਜੀ ਦੇ ਸੰਤ ਮਾਰਗ 'ਤੇ ਚਲਣ ਦੀ ਪ੍ਰੇਰਨਾ ਕੀਤੀ। ਭਾਈ ਭੁਪਿੰਦਰ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਰਦਾਰਨੀ ਤਰਨਜੀਤ ਕੌਰ ਅਤੇ ਸਰਦਾਰਨੀ ਤੇਜਿੰਦਰ ਕੌਰ ਜੀ ਨੇ ਕ੍ਰਮਵਾਰ ਭਾਈ ਸਾਹਿਬ ਜੀ ਦੀ ਕਵਿਤਾ ਅਤੇ ਸੰਦੇਸ਼ ਸੰਗਤਾਂ ਨੂੰ ਸਰਵਣ ਕਰਾਏ। ਸਦਨ ਦੇ ਜਨਰਲ ਸਕੱਤਰ ਅਤੇ ਪ੍ਰਸਿੱਧ ਵਿਦਵਾਨ ਡਾ: ਜਸਵੰਤ ਸਿੰਘ ਨੇਕੀ ਨੇ 'ਭਾਈ ਸਾਹਿਬ ਜੀ ਦੀਆਂ ਰਚਨਾਵਾਂ ਦੇ ਆਧਾਰ 'ਤੇ ਖੇੜੇ ਦਾ ਸੰਕਲਪ ਵਿਸ਼ੇ' 'ਤੇ ਚਾਨਣਾ ਪਾਇਆ ਅਤੇ ਹਾਜ਼ਰ ਸਮੂੰਹ ਸੰਗਤਾਂ ਦਾ ਭਾਈ ਵੀਰ ਸਿੰਘ ਸਾਹਿਤ ਸਦਨ ਅਤੇ ਭਾਈ ਵੀਰ ਸਿੰਘ ਸਟੱਡੀ ਸਰਕਲ ਵਲੋਂ ਧੰਨਵਾਦ ਕੀਤਾ। ਸ੍ਰ: ਸੁਖਦੇਵ ਸਿੰਘ ਢੀਂਡਸਾ ਕੇਂਦਰੀ ਮੰਤਰੀ ਭਾਰਤ ਸਰਕਾਰ ਨੇ ਭਾਈ ਵੀਰ ਸਿੰਘ ਸਾਹਿਤ ਸਦਨ ਦੀਆਂ ਸਾਲ 1999-2000 'ਚ ਪ੍ਰਕਾਸ਼ਿਤ ਪੁਸਤਕਾਂ ਦਾ ਵਿਮੋਚਨ ਕੀਤਾ ਅਤੇ ਇਸ ਮੌਕੇ 'ਤੇ ਬੋਲਦਿਆਂ ਕਿਹਾ ਕਿ ਭਾਈ ਸਾਹਿਬ ਜੀ ਦਾ ਜੀਵਨ ਅਤੇ ਉਨ੍ਹਾਂ ਦੀਆਂ ਰਚਨਾਵਾਂ ਸਾਡੇ ਲਈ ਚਾਨਣ ਮੁਨਾਰੇ ਦਾ ਕੰਮ ਕਰਦੀਆਂ ਹਨ ਸਾਨੂੰ ਉਨ੍ਹਾਂ ਦੇ ਸੰਦੇਸ਼ ਨੂੰ ਘਰ ਘਰ ਪਹੁੰਚਾਣ ਲਈ ਉਪਰਾਲੇ ਕਰਨੇ ਚਾਹੀਦੇ ਹਨ। ਕੇਂਦਰੀ ਮੰਤਰੀ ਨੇ ਸਾਹਿਤ ਸਦਨ ਦੇ ਪ੍ਰਬੰਧਕਾਂ ਦੀ ਵੀ ਪ੍ਰਸੰਸਾ ਕੀਤੀ ਅਤੇ ਆਸ ਪ੍ਰਗਟ ਕੀਤੀ ਕਿ ਇਹਨਾਂ ਪ੍ਰਬੰਧਕਾਂ ਦੀ ਦੇਖ ਰੇਖ ਹੇਠ ਭਾਈ ਵੀਰ ਸਿੰਘ ਸਾਹਿਤ ਸਦਨ ਧਰਮ ਪ੍ਰਚਾਰ ਅਤੇ ਸਮਾਜ ਸੁਧਾਰ ਦੇ ਖੇਤਰ 'ਚ ਹੋਰ ਵੀ ਵੱਧ ਸਫਲਤਾ ਨਾਲ ਕਾਰਜ ਕਰੇਗਾ। ਹੋਰਨਾਂ ਤੋਂ ਇਲਾਵਾ ਇਸ ਮੌਕੇ 'ਤੇ ਸਦਨ ਦੇ ਪ੍ਰਧਾਨ ਤੇ ਸਾਬਕਾ ਵਿੱਤ ਮੰਤਰੀ ਡਾ: ਮਨਮੋਹਨ ਸਿੰਘ, ਡਾ: ਭਾਈ ਮੋਹਨ ਸਿੰਘ, ਸ੍ਰ: ਸਤਿਆਜੀਤ ਸਿੰਘ ਮਜੀਠੀਆ, ਡਾ: ਅਮਰੀਕ ਸਿੰਘ ਅਤੇ ਹੋਰ ਬਹੁਤ ਸਾਰੀਆਂ ਉਘੀਆਂ ਸ਼ਖਸੀਅਤਾਂ ਨੇ ਸਮਾਰੋਹ 'ਚ ਹਾਜ਼ਰੀ ਭਰੀ।